# ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।

**(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)**

## ਪਬਲਿਕ ਨੋਟਿਸ

ਨੰ: 781176 ਅਮਲਾ-2 (6) ਮਿਤੀ 11-11-2024

1. ਸਿੱਖਿਆ ਵਿਭਾਗ, ਪੰਜਾਬ ਵਿੱਚ ਈ.ਟੀ.ਟੀ.ਕਾਡਰ ਦੀਆਂ 5994 ਆਸਾਮੀਆਂ ਭਰਨ ਲਈ ਮਿਤੀ 12.10.2022 ਨੂੰ ਵਿਗਿਆਪਨ ਦਿੱਤਾ ਗਿਆ ਸੀ। ਡਾਇਰੈਕਟਰ,ਸਿੱਖਿਆ ਭਰਤੀ ਡਾਇਰੈਕਟੋਰੇਟ,ਪੰਜਾਬ ਵੱਲੋਂ ਜਾਰੀ ਪ੍ਰੋਵੀਜਨਲ ਸਿਲੈਕਸ਼ਨ ਸੂਚੀਆਂ ਮਿਤੀ 02.09.2024, ਮਿਤੀ 07.10.2024 ਅਤੇ ਸਿਵਲ ਰਿਟ ਪਟੀਸ਼ਨ ਨੰ. 4264 of 2021 ਸਿਕੰਦਰ ਸਿੰਘ ਕੇਸ ਦੇ ਫੈਸਲੇ ਮਿਤੀ 14.10.2024 ਦੇ ਸਨਮੁੱਖ ਜਾਰੀ ਕੀਤੀ ਗਈ ਸਿਲੈਕਸ਼ਨ ਸੂਚੀ ਮਿਤੀ 07.11.2024 ਦੇ ਆਧਾਰ ਤੇ ਪੰਜਾਬ ਰਾਜ ਦੇ ਨਾਨ ਬਾਰਡਰ ਜਿਲ੍ਹਿਆਂ ਵਿਚ ਮੌਜੂਦਾ ਖਾਲੀ ਅਸਾਮੀਆਂ ਵਿਰੁੱਧ ਸਟੇਟ ਐਮ.ਆਈ.ਐਸ ਸੈਲ ਵੱਲੋਂ ਆਨ ਲਾਈਨ ਪ੍ਰਕਿਰਿਆ ਰਾਂਹੀ ਸਟੇਸ਼ਨ ਚੋਣ ਕਰਵਾਈ ਜਾਣੀ ਹੈ। ਉਕਤ ਪ੍ਰਵੀਜ਼ਨਲ ਸਿਲੈਕਸ਼ਨ ਸੂਚੀਆਂ ਦੇ ਆਧਾਰ ਤੇ ਯੋਗ ਉਮੀਦਵਾਰਾਂ ਨੂੰ ਸਟੇਸ਼ਨ ਚੋਣ ਕਰਨ ਲਈ ਵਿਭਾਗ ਦੇ ਪੋਰਟਲ ਤੇ ਮਿਤੀ 12.11.2024 ਨੂੰ ਦੁਪਹਿਰ 12.00 ਵਜੇ ਤੋਂ ਮਿਤੀ 14.11.2024 ਤੱਕ ਸਮਾਂ ਰਾਤ 12.00 ਵਜੇ ਤੱਕ ਸੱਦਾ ਦਿੱਤਾ ਜਾਂਦਾ ਹੈ।

2 ਹਰੇਕ ਉਮੀਦਵਾਰ ਆਪਣੀ ਆਈ.ਡੀ. ਵਿਚ ਸ਼ੋਅ ਹੋ ਰਹੀ ਵੈਕੰਸੀ ਲਿਸਟ ਵਿਚੋਂ ਆਪਣੀ ਚੋਣ ਅਨੁਸਾਰ ਜਿੰਨੇ ਮਰਜ਼ੀ ਸਟੇਸ਼ਨਾਂ ਦੀ ਆਪਸ਼ਨ ਆਪਣੀ ਆਈ.ਡੀ ਵਿਚ ਭਰ ਸਕਦੇ ਹਨ। ਜਿਹੜੇ ਉਮੀਦਵਾਰ ਇਕ ਤੋਂ ਵੱਧ ਕੈਟਾਗਰੀਆਂ ਵਿਚ ਸਿਲੈਕਟ ਹੋਏ ਹਨ, ਉਹ ਪਹਿਲਾਂ ਆਪਣੀ ਆਈ.ਡੀ. ਤੇ ਆਪਣੀ ਮਰਜ਼ੀ ਅਨੁਸਾਰ ਕਿਸੇ ਇਕ ਕੈਟਾਗਰੀ ਦੀ ਚੋਣ ਕਰਨਗੇ। ਉਮੀਦਵਾਰਾ ਵੱਲੋਂ ਜਿਸ ਕੈਟਾਗਰੀ ਦੀ ਇਕ ਵਾਰ ਚੋਣ ਕਰ ਲਈ ਜਾਵੇਗੀ, ਉਸ ਨੂੰ ਮੁੜ ਕੇ ਬਦਲਿਆ ਨਹੀ ਜਾ ਸਕੇਗਾ। ਉਸ ਉਪਰੰਤ ਅਜਿਹੇ ਯੋਗ ਉਮੀਦਵਾਰਾਂ ਦੀ ਆਈ.ਡੀ. ਵਿਚ ਸ਼ੋਅ ਹੋ ਰਹੀ ਵੈਕੰਸੀ ਲਿਸਟ ਵਿਚੋਂ ਉਪਰੋਕਤ ਲਿਖੇ ਅਨੁਸਾਰ ਸਟੇਸ਼ਨ ਚੁਆਇਸ ਕਰਨਗੇ। ਇਹ ਪ੍ਰਕ੍ਰਿਆ ਸਮੁਚੇ ਰੂਪ ਵਿਚ ਆਨ-ਲਾਈਨ ਹੀ ਹੋਵੇਗੀ ।

3. ਇਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਜੋ ਉਮੀਦਵਾਰ ਸਿੱਖਿਆ ਵਿਭਾਗ ਵਿਚ ਕਿਸੇ ਵੀ ਭਰਤੀ ਅਧੀਨ ਪਹਿਲਾਂ ਹੀ ਨਿਯੁਕਤੀ ਪੱਤਰ ਲੈ ਚੁੱਕੇ ਹਨ ਅਤੇ ਬਤੌਰ ਈ ਟੀ ਟੀ ਟੀਚਰ ਕੰਮ ਕਰ ਰਹੇ ਹਨ, ਉਹ ਉਮੀਦਵਾਰ ਇਸ ਭਰਤੀ ਵਿੱਚ ਨਿਯੁਕਤੀ ਪੱਤਰ ਲੈਣ ਦੇ ਹੱਕਦਾਰ ਹੋਣਗੇ ਪ੍ਰੰਤੂ ਉਹਨਾਂ ਦੀ ਨਿਯੁਕਤੀ ਦਾ ਸਥਾਨ ਉਹੀ ਰਹੇਗਾ ਜਿਸ ਤੇ ਉਹ ਮੌਜੂਦਾ ਸਮੇਂ ਵਿੱਚ ਕੰਮ ਕਰ ਰਹੇ ਹਨ।

ਸੁਪਰਡੰਟ ਅਮਲਾ 2 11/11/24